# ਨਮੂਨੇ ਦਾ ਪ੍ਰਸ਼ਨ-ਪੱਤਰ
## ਸ਼੍ਰੇਣੀ ਦਸਵੀਂ
## ਪੰਜਾਬੀ ਏ (ਵਾਧੂ ਵਿਸ਼ਾ)

**ਸਮਾਂ : 3 ਘੰਟੇ**

**ਕੁੱਲ ਅੰਕ : 75**

**ਪਾਸ ਅੰਕ : 25**

1. ਵਸਤੂਨਿਸ਼ਠ ਪ੍ਰਸ਼ਨ:

(ੳ) ਵਾਰਸ ਸ਼ਾਹ ਨੇ ਕਿਹੜਾ ਕਿੱਸਾ ਲਿਖਿਆ ਹੈ?

(i) ਹੀਰ ਰਾਂਝਾ (ii) ਸੋਹਣੀ ਮਹੀਵਾਲ

(iii) ਸੱਸੀ ਪੁੰਨੂੰ (iv) ਮਿਰਜ਼ਾ ਸਾਹਿਬਾਂ 1

(ਅ) 'ਜੰਗ ਦਾ ਹਾਲ' ਕਵਿਤਾ ਵਿੱਚ ਕਿਹੜੀ ਥਾਂ ਦਾ ਜ਼ਿਕਰ ਹੈ ?

(i) ਜਮਰੌਦ ਦਾ (ii) ਪਿਸ਼ਾਵਰ ਦਾ

(ii) ਲਾਹੌਰ ਦਾ (iv) ਫੇਰੂ ਸ਼ਹਿਰ ਦਾ 1

(ੲ) ਗੁਰੂ ਨਾਨਕ ਦੇਵ ਜੀ ਨੇ ਕਿਹੜੇ ਧਰਮ ਦੀ ਨੀਂਹ ਰੱਖੀ ? 1

(ਸ) ਬੁੱਲ੍ਹੇ ਸ਼ਾਹ ਦੀ ਰਚੀ ਕਿਸੇ ਇੱਕ ਕਵਿਤਾ ਦਾ ਨਾਂ ਲਿਖੋ। 1

(ਹ) 'ਇੱਕ ਪੈਰ ਘੱਟ ਤੁਰਨਾ' ਕਹਾਣੀ ਦਾ ਮੁੱਖ ਪਾਤਰ ਕੌਣ ਹੈ ? 1

(ਕ) 'ਮੜ੍ਹੀਆਂ ਤੋਂ ਦੂਰ' ਕਹਾਣੀ ਦੇ ਕਹਾਣੀਕਾਰ ਅਤੇ ਉਸ ਦੀ ਪਤਨੀ, ਮਾਸੀ ਨੂੰ ਕਿਸ ਦਿਨ ਗੁਰਦਵਾਰੇ ਤੇ ਮੰਦਰ ਲੈ ਕੇ ਗਏ ? 1

(ਖ਼) 'ਨਾਇਕ' ਇਕਾਂਗੀ ਵਿੱਚ ਪਿਤਾ ਤੇ ਪੁੱਤਰ ਦੀ ਮੁਲਾਕਾਤ ਕਿੱਥੇ ਹੁੰਦੀ ਹੈ ? 1

(ਗ) 'ਦੂਜਾ ਵਿਆਹ' ਇਕਾਂਗੀ ਦਾ ਵਿਸ਼ਾ ਕਿਹੋ-ਜਿਹਾ ਹੈ ? 1

(ਘ) 'ਇੱਕ ਹੋਰ ਨਵਾਂ ਸਾਲ' ਕਿਸ ਦੀ ਰਚਨਾ ਹੈ ? 1

(ਙ) ਤਾਰੇ ਦੇ ਘਰ ਜਿਹੜਾ ਕਾਰਡ ਆਇਆ ਸੀ, ਉਸ ਵਿੱਚ ਕਿਸ ਦੇ ਵਿਆਹ ਦਾ ਜ਼ਿਕਰ ਸੀ ? 1

$1 \times 10 = 10$

2. ਹੇਠ ਲਿਖੇ ਕਾਵਿ-ਟੋਟਿਆਂ ਵਿੱਚੋਂ ਕਿਸੇ ਦੋ ਦੀ ਪ੍ਰਸੰਗ ਸਹਿਤ ਵਿਆਖਿਆ ਲਗ-ਪਗ 150 ਸ਼ਬਦਾਂ ਵਿੱਚ ਲਿਖੋ:

(ੳ) ਚੰਗਿਆਈਆ ਬੁਰਿਆਈਆ ਵਾਚੈ ਧਰਮੁ ਹਦੂਰਿ ॥
ਕਰਮੀ ਆਪੋ ਆਪਣੀ ਕੇ ਨੇੜੈ ਕੇ ਦੂਰਿ ॥ 6

(ਅ) ਫਰੀਦਾ ਜਿਨੀ ਕੰਮੀ ਨਾਹਿ ਗੁਣ ਤੇ ਕੰਮੜੇ ਵਿਸਾਰਿ ॥
ਮਤ ਸ਼ਰਮਿੰਦਾ ਥੀਵਹੀ ਸਾਂਈ ਦੇ ਦਰਬਾਰਿ ॥ 6

(ੲ) ਭੁੱਖ ਨੰਗ ਨੂੰ ਭਾਗ ਕੇ ਪੰਧ ਕਰਦਾ,
ਰਾਤੀ ਵਿੱਚ ਮਸੀਤ ਦੇ ਆਇਆ ਈ।
ਹੱਥ ਵੰਝਲੀ ਪਕੜ ਕੇ ਰਾਤ ਅਧੀ,
ਰਾਞੇ ਮਜ਼ਾ ਭੀ ਖ਼ੂਬ ਬਣਾਇਆ ਈ। 6

(ਸ) ਉੱਖਲੀਆ ਨਾਸਾਂ ਜਿਨਾ ਮੁਹਿ ਜਾਪਨ ਆਲੇ ॥
ਧਾਏ ਦੇਵੀ ਸਾਹਮਣੇ ਬੀਰ ਮੁਛਲੀਆਲੇ ॥
ਸਰਪਤ ਜੋਹੇ ਲੜ ਹਟੇ ਬੀਰ ਟਲੇ ਨ ਟਾਲੇ ॥
ਗੰਜੇ ਦੁਰਗਾ ਘੇਰ ਕੈ ਜਣੂ ਘਟੀਅਰ ਕਾਲੇ ॥ 6

6+6=12

3. ਹੇਠ ਲਿਖੀਆਂ ਕਵਿਤਾਵਾਂ ਵਿਚੋਂ ਕਿਸੇ ਇੱਕ ਕਵਿਤਾ ਦਾ ਕੇਂਦਰੀ ਭਾਵ ਲਗ-ਪਗ 40 ਸ਼ਬਦਾਂ ਵਿੱਚ ਲਿਖੋ:

(ੳ) ਮਿਠ ਬੋਲੜਾ ਜੀ ਹਰਿ ਸੱਜਣੁ (ਗੁਰੂ ਅਰਜਨ ਦੇਵ ਜੀ)

(ਅ) ਸਿੰਘਾਂ ਦੀ ਚੜ੍ਹਤ (ਸ਼ਾਹ ਮੁਹੰਮਦ) 4

4. ਹੇਠ ਲਿਖੇ ਲੇਖਾਂ ਵਿੱਚੋਂ ਕਿਸੇ ਇੱਕ ਲੇਖ ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ:

(ੳ) ਘਰ ਦਾ ਪਿਆਰ (ਪ੍ਰਿੰ. ਤੇਜਾ ਸਿੰਘ)

(ਅ) ਤੁਰਨ ਦਾ ਹੁਨਰ (ਡਾ. ਨਰਿੰਦਰ ਸਿੰਘ ਕਪੂਰ) 6

5. ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕਿਸੇ ਦੋ ਪ੍ਰਸ਼ਨਾਂ ਦੇ ਉੱਤਰ ਸੰਖੇਪ ਵਿੱਚ ਲਿਖੋ:

(ੳ) 'ਘਰ ਦਾ ਪਿਆਰ' ਲੇਖ ਦੇ ਲੇਖਕ ਨੇ ਗੁਰੂ ਨਾਨਕ ਦੇਵ ਜੀ ਦੀ ਮਾਤਾ ਨਾਲ਼ ਮਿਲਾਪ ਦਾ ਦ੍ਰਿਸ਼ ਕਿਹੋ-ਜਿਹਾ ਚਿਤਰਿਆ ਹੈ ? 4

(ਅ) "ਲਫਜ਼ ਵੀ ਦਿਲ ਦੀ ਦੌਲਤ ਦੀਆਂ ਮੁਹਰਾਂ ਹੁੰਦੇ ਹਨ", ਕਥਨ ਦੀ ਵਿਆਖਿਆ ਕਰੋ। 4

(ੲ) ਬਾਬਾ ਰਾਮ ਸਿੰਘ ਦੁਆਰਾ ਚਲਾਈ 'ਨਾ ਮਿਲਵਰਤਣ ਲਹਿਰ' ਦਾ ਵਰਨਣ ਕਰੋ। 4

(ਸ) 'ਤੁਰਨ ਦਾ ਹੁਨਰ' ਲੇਖ ਦੇ ਲੇਖਕ ਅਨੁਸਾਰ ਕਿਹੜਾ ਵਿਅਕਤੀ ਲੰਮੇ ਪੈਂਡੇ ਤੁਰਨ ਦਾ ਸਾਹਸ ਕਰ ਸਕਦਾ ਹੈ ? 4

4+4-8

6. ਹੇਠ ਲਿਖੀਆਂ ਕਹਾਣੀਆਂ ਵਿਚੋਂ ਕਿਸੇ ਇੱਕ ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ:

(ੳ) ਅੰਗ-ਸੰਗ (ਵਰਿਆਮ ਸੰਧੂ)

(ਅ) ਬਾਗ਼ੀ ਦੀ ਧੀ (ਗੁਰਮੁਖ ਸਿੰਘ ਮੁਸਾਫ਼ਿਰ) 7

7. ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕਿਸੇ ਦੋ ਦੇ ਉੱਤਰ ਸੰਖੇਪ ਵਿੱਚ ਲਿਖੋ:

(ੳ) ਸ਼ਾਹਾਂ ਦੇ ਮੁੰਡੇ ਤੋਂ ਕੁਲਫ਼ੀ ਖੋਹਣ 'ਤੇ ਕਾਕੇ ਦੇ ਮਾਪਿਆਂ ਦੀ ਕੀ 'ਪ੍ਰਤਿਕਿਰਿਆ' ਸੀ ? 3

(ਅ) ਮਹਾਰਾਣੀ ਦੇ ਸੰਪਰਕ ਵਿੱਚ ਆਉਣ ਨਾਲ਼ ਬੰਮ ਦੇ ਵਤੀਰੇ 'ਚ ਕੀ ਤਬਦੀਲੀ ਆਈ ? 3

(ੲ) ਹੁਸ਼ਨਾਕ ਸਿੰਘ ਆਪਣੇ ਸਾਲ਼ੇ ਦੀ ਧੀ ਲਾਜ ਨੂੰ ਆਪਣੇ ਘਰ ਵਿੱਚ ਕਿਉਂ ਨਹੀਂ ਸੀ ਰੱਖਣਾ ਚਾਹੁੰਦਾ ? 3

(ਸ) ਰਸ਼ੀਦ ਆਪਣੀ ਬਿਮਾਰੀ ਤੋਂ ਰਾਹਤ ਲੈਣ ਲਈ ਕੀ ਸ਼ੌਕ ਪਾਲ਼ਦਾ ਹੈ ? 3

3+3=6

8. ਹੇਠ ਲਿਖੇ ਪਾਤਰਾਂ ਵਿੱਚੋਂ ਕਿਸੇ ਇੱਕ ਦਾ ਪਾਤਰ-ਚਿਤਰਨ ਲਗ-ਪਗ 125 ਸ਼ਬਦਾਂ ਵਿੱਚ ਲਿਖੋ:

(ੳ) ਵਜੀਰਾ (ਇਕਾਂਗੀ: ਬੰਬ ਕੇਸ)

(ਅ) ਬਲਵੰਤ ਢਿੱਲੋਂ (ਇਕਾਂਗੀ: ਸਮੁੰਦਰੋਂ ਪਾਰ) । 6

9. ਹੇਠ ਲਿਖੇ ਵਾਰਤਾਲਾਪਾਂ ਵਿੱਚੋਂ ਕਿਸੇ ਇੱਕ ਵਾਰਤਾਲਾਪ ਦੇ ਪ੍ਰਸ਼ਨਾਂ ਦੇ ਉੱਤਰ ਲਿਖੋ:

"ਨਹੀਂ ਇਹ ਗੱਲ ਨਹੀਂ, ਮੈਂ ਆਪਣੇ ਪੈਰਾਂ ਤੇ ਖਲੋਣਾ ਚਾਹੁੰਦਾ ਹਾਂ ਪਰ ਤੁਸੀਂ ਮੇਰੀ ਇਹ ਗੱਲ ਨਹੀਂ ਸਮਝੋਗੇ।"

ਪ੍ਰਸ਼ਨ : (ੳ) ਇਹ ਸ਼ਬਦ ਕਿਸ ਇਕਾਂਗੀ ਵਿੱਚੋਂ ਹਨ ? 2

(ਅ) ਇਕਾਂਗੀ ਦੇ ਲੇਖਕ ਦਾ ਕੀ ਨਾ ਹੈ ? 2

(ੲ) ਇਹ ਸ਼ਬਦ ਕਿਸ ਨੇ, ਕਿਸ ਨੂੰ ਕਹੇ ? 2

ਜਾਂ

"ਓ ਗੌਡ! ਹਮਾਰਾ ਸਾਥ ਕੈਸਾ ਸ਼ੇਮਫੁਲ ਢੋਕਾ ਹੂਆ । ਆਪ ਪੰਜਾਬੀ ਲੋਕ ਕਾ ਬਰਾਡਰੀ ਯਿਹ ਹੋਟਾ! ਆਪ ਔਰਟ ਕੋ ਘਰ ਮੈਂ ਭੀ ਐਸਾ ਡੀਸੀਵ ਕਰਟਾ ਔਰ ਦੂਸਰਾ ਮੁਲਕ ਮੇਂ ਜਾ ਕਰ ਭੀ ਡੀਸੀਵ ਕਰਟਾ ? ਸ਼ਰਮ ਕਾ ਬਾਟ, ਸ਼ੇਮ! ਸ਼ੇਮ!"

ਪ੍ਰਸ਼ਨ : (ੳ) ਇਹ ਸ਼ਬਦ ਕਿਸ ਇਕਾਂਗੀ ਵਿੱਚੋਂ ਲਏ ਗਏ ਹਨ? 2

(ਅ) ਇਕਾਂਗੀ ਦਾ ਲੇਖਕ ਕੌਣ ਹੈ ? 2

(ੲ) ਇਹ ਸ਼ਬਦ ਕਿਸ ਨੇ, ਕਿਸ ਨੂੰ ਕਹੇ ? 2

2x3=6

10. 'ਨਾਵਲ ਇੱਕ ਹੋਰ ਨਵਾਂ ਸਾਲ' ਦੇ ਆਧਾਰ 'ਤੇ ਹੇਠ ਲਿਖੇ ਪਾਤਰਾਂ ਵਿੱਓਂ ਕਿਸੇ ਇੱਕ ਦਾ ਪਾਤਰ-ਚਿਤਰਨ ਲਗ-ਪਗ 150 ਸ਼ਬਦਾ ਵਿੱਚ ਲਿਖੋ:

(ੳ) ਫੁੰਮਣ (ਅ) ਅਸ਼ਕ (ੲ) ਮਹੇਸ਼ੀ ਦੀ ਮਾਂ 5

11. ਹੇਠ ਲਿਖੇ ਵਾਰਤਾਲਾਪਾ ਵਿੱਚੋਂ ਕਿਸੇ ਇੱਕ ਵਾਰਤਾਲਾਪਾਂ ਦੀ ਪ੍ਰਸੰਗ ਸਹਿਤ ਵਿਆਖਿਆ ਲਗ-ਪਗ 40 ਸ਼ਬਦਾਂ ਵਿੱਚ ਲਿਖੋਂ:

(ੳ) " ਭਲੀਏ ਲੋਕੇ ਜਿਹੜੀ ਚਾਹ ਵੱਡੇ ਲੋਕ ਬਿਸਤਰਾ ਛੱਡਣ ਤੋਂ ਪਹਿਲਾਂ ਪੀਂਦੇ ਐ" ਉਹ ਹੁੰਦੀ ਐ, ਬੈੱਡ ਟੀ। ਚਲ ਉੱਠ ਪਿਆ ਦੇ ਅੱਜ ਸਾਨੂੰ ਵੀ ਬੈੱਡ ਟੀ।"

(ਅ) " ਸਾਨੂੰ ਪਿੰਡਾਂ ਆਲਿਆਂ ਨੂੰ ਤਾਂ ਕੁਝ ਸਮਝਦੇ ਈ ਨਹੀਂ, ਇੱਕ ਤਾਂ ਮੁੱਛਦੇ ਐ ਸਾਡੇ ਅਰਗਿਆਂ ਨੂੰ, ਦੂਜਾ ਟਿੱਚਰਾਂ ਕਰਦੇ ਆ।"

2+3=5